# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

**18:20**

**ਮਿਤੀ: 25-09-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ।***

- ਕੇਂਦਰੀ ਕਾਨੂੰਨ ਅਤੇ ਨਿਆਂ ਰਾਜ ਮੰਤਰੀ ਅਰਜੁਨ ਰਾਮ ਮੇਘਵਾਲ ਨੇ ਪੰਜਾਬ ਵਿੱਚ ਵਧ ਰਹੇ ਨਸ਼ਿਆਂ ਦੇ ਸੰਕਟ ਨੂੰ ਲੈ ਕੇ ਚਿੰਤਾ ਜ਼ਾਹਿਰ ਕੀਤੀ ਏ.

- ਪੰਜਾਬ ਦੇ ਰਾਜਪਾਲ, ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਪੰਜਾਬ ਸਟੇਟ ਰੈੱਡ ਕਰਾਸ ਵਲੋਂ ਹੜ੍ਹ ਪ੍ਰਭਾਵਿਤ ਨੇਪਾਲ ਲਈ ਰਾਹਤ ਸਮੱਗਰੀ ਦੀ ਤੀਜੀ ਅਤੇ ਸਭ ਤੋਂ ਵੱਡੀ ਖੇਪ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ।

- ਪੰਜਾਬ ਦੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਏ ਕਿ ਪੰਜਾਬ ਦੀ ਖੇਤੀ ਨੂੰ ਟਿਕਾਊ ਬਣਾਉਣ ਲਈ ਫ਼ਸਲੀ ਭਿੰਨਤਾ ਸਮੇਂ ਦੀ ਮੁੱਖ ਲੋੜ ਏ।

- ਪੰਜਾਬ ਵਿਜੀਲੈਂਸ ਬਿਊਰੋ ਨੇ ਜਲੰਧਰ ਸਥਿਤ ਇੱਕ ਪ੍ਰਾਈਵੇਟ ਪਾਸਪੋਰਟ ਏਜੰਟ ਨੂੰ ਪਾਸਪੋਰਟ ਜਲਦੀ ਜਾਰੀ ਕਰਵਾਉਣ ਬਦਲੇ 20 ਹਜ਼ਾਰ ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਏ ।

- ਭਾਰਤ ਦੇ ਕਮਲਜੀਤ ਅਤੇ ਸੁਰੂਚੀ ਸਿੰਘ ਨੇ ਅੱਜ ਏਸ਼ਿਆਈ ਖੇਡਾਂ ਵਿੱਚ 10 ਮੀਟਰ ਏਅਰ ਪਿਸਟਲ ਮਿਕਸਡ ਟੀਮ ਮੁਕਾਬਲੇ ਵਿੱਚ ਸੋਨੇ ਦਾ ਤਮਗਾ ਜਿੱਤਿਆ ਏ ।

***<u>ਹੁਣ ਖਬਰਾਂ ਵਿਸਥਾਰ ਨਾਲ।</u>***

ਕੇਂਦਰੀ ਕਾਨੂੰਨ ਅਤੇ ਨਿਆਂ ਰਾਜ ਮੰਤਰੀ ਅਰਜੁਨ ਰਾਮ ਮੇਘਵਾਲ ਅੱਜ ਅੰਮ੍ਰਿਤਸਰ ਪਹੁੰਚੇ। ਇਸ ਦੌਰਾਨ ਉਨ੍ਹਾਂ ਨੇ ਪੰਜਾਬ ਵਿੱਚ ਵੱਧ ਰਹੇ ਨਸ਼ਿਆਂ ਦੇ ਸੰਕਟ ਨੂੰ ਲੈ ਕੇ ਚਿੰਤਾ ਜ਼ਾਹਿਰ ਕੀਤੀ. ਮੀਡੀਆ ਨਾਲ ਗੱਲਬਾਤ ਕਰਦਿਆਂ ਭਾਰਤੀ ਜਨਤਾ ਪਾਰਟੀ ਵੱਲੋਂ ਸ਼ੁਰੂ ਕੀਤੇ ਗਏ 'ਨਸ਼ਾ ਮੁਕਤ ਪੰਜਾਬ' ਅਭਿਆਨ ਨੂੰ ਸਮਾਜਿਕ ਸੁਧਾਰ ਦਾ ਕਾਰਜ ਦੱਸਦਿਆਂ ਕੇਂਦਰੀ ਮੰਤਰੀ ਨੇ ਕਿਹਾ ਕਿ ਜਦੋਂ ਪੂਰਾ ਦੇਸ਼ 'ਵਿਕਸਿਤ ਭਾਰਤ' ਦੇ ਅਹਿਦ ਨਾਲ ਅੱਗੇ ਵੱਧ ਰਿਹਾ ਏ ਤਾਂ ਇਸ ਦ੍ਰਿਸ਼ਟੀਕੋਣ ਵਿੱਚ ਪੰਜਾਬ ਦਾ ਵੀ ਪੂਰੀ ਤਰ੍ਹਾਂ ਵਿਕਸਿਤ ਹੋਣਾ ਬੇਹੱਦ ਜ਼ਰੂਰੀ ਏ ।

BYTE

ਮੌਜੂਦਾ ਸ਼ਾਸਨ ਪ੍ਰਬੰਧ 'ਤੇ ਤਿੱਖਾ ਹਮਲਾ ਕਰਦਿਆਂ ਕੇਂਦਰੀ ਮੰਤਰੀ ਨੇ ਇਲਜ਼ਾਮ ਲਾਇਆ ਕਿ ਪ੍ਰਸ਼ਾਸਨ ਅਤੇ ਸਿਸਟਮ ਵਿੱਚ ਬੈਠੇ ਕੁਝ ਲੋਕ ਨਸ਼ਿਆਂ ਦੇ ਕਾਲੇ ਕਾਰੋਬਾਰ ਵਿੱਚ ਸ਼ਾਮਿਲ ਨੇ. ਓਹਨਾਂ ਕਿਹਾ ਕਿ ਨਸ਼ਾ ਖਤਮ ਹੋਣ ਦੀ ਬਜਾਏ ਹੋਰ ਵੀ ਪੈਰ ਪਸਾਰ ਚੁੱਕਾ ਏ । ਓਹਨਾਂ ਇਹ ਵੀ

ਕਿਹਾ ਕਿ ਖੁੱਲ੍ਹੇਆਮ ਨਸ਼ਾ ਵੇਚਣ ਵਾਲਿਆਂ ਖ਼ਿਲਾਫ਼ ਕਾਰਵਾਈ ਕਰਨ ਦੀ ਬਜਾਏ ਨਸ਼ਾ ਤਸਕਰੀ ਵਿਰੁੱਧ ਆਵਾਜ਼ ਉਠਾਉਣ ਵਾਲਿਆਂ ਨੂੰ ਹੀ ਨਿਸ਼ਾਨਾ ਬਣਾਇਆ ਜਾ ਰਿਹਾ ਏ। ਇਸ ਮਿਲੀਭੁਗਤ ਕਾਰਨ ਸੂਬੇ ਵਿੱਚ ਭ੍ਰਿਸ਼ਟਾਚਾਰ ਵੀ ਵਧਿਆ ਏ। ਕੇਂਦਰੀ ਮੰਤਰੀ ਨੇ ਕਿਹਾ ਕਿ ਪੰਜਾਬ ਨੂੰ ਮੁੜ ਖੁਸ਼ਹਾਲ ਅਤੇ ਵਿਕਸਿਤ ਬਣਾਉਣ ਲਈ ਨਸ਼ਿਆਂ ਦੇ ਇਸ ਜਾਲ ਨੂੰ ਪੂਰੀ ਤਾਕਤ ਨਾਲ ਤੋੜਨਾ ਹੋਵੇਗਾ। ਉਨ੍ਹਾਂ ਕਿਹਾ ਕਿ ਭਾਜਪਾ, ਪੰਜਾਬ ਦੇ ਲੋਕਾਂ ਦੇ ਨਾਲ ਰਲ ਕੇ ਇਸ ਸਮਾਜਿਕ ਬੁਰਾਈ ਦੇ ਖਾਤਮੇ ਤੱਕ ਆਪਣੀ ਮੁਹਿੰਮ ਜਾਰੀ ਰੱਖੇਗੀ।

---------------------------------------------------------------

ਇਸ ਦੌਰਾਨ  ਭਾਰਤੀ ਜਨਤਾ ਪਾਰਟੀ ਵੱਲੋਂ ਪੰਜਾਬ ਨੂੰ ਨਸ਼ਾ ਮੁਕਤ ਕਰਨ ਦੇ ਉਦੇਸ਼ ਨਾਲ ਕੱਢੀ ਜਾ ਰਹੀ ਨਸ਼ਾ ਮੁਕਤ ਯਾਤਰਾ ਅੱਜ ਹੁਸ਼ਿਆਰਪੁਰ ਪਹੁੰਚੀ। ਯਾਤਰਾ ਨੂੰ ਸ਼ਹਿਰ ਵਿੱਚ ਵੱਖ-ਵੱਖ ਥਾਵਾਂ ’ਤੇ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ. ਇਸ ਮੌਕੇ ਜਨ ਸਭਾ ਨੂੰ ਸੰਬੋਧਨ ਕਰਦਿਆਂ ਭਾਜਪਾ ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਘ ਨੇ ਕਿਹਾ ਕਿ ਭਾਜਪਾ ਪੰਜਾਬ ਵਿੱਚ ਨਸ਼ੇ ਦੇ ਖਾਤਮੇ ਲਈ ਪੂਰੀ ਤਰ੍ਹਾਂ ਵਚਨਬੱਧ ਏ। ਉਨ੍ਹਾਂ ਕਿਹਾ ਕਿ ਨਸ਼ਾ ਮੁਕਤ ਯਾਤਰਾ ਪੰਜਾਬ ਦੇ ਹਰ ਕੋਨੇ ਅਤੇ ਹਰ ਪਿੰਡ-ਸ਼ਹਿਰ ਤੱਕ ਪਹੁੰਚ ਕੇ ਲੋਕਾਂ ਨੂੰ ਨਸ਼ੇ ਦੇ ਖ਼ਿਲਾਫ਼ ਇਕਜੁੱਟ ਕਰ ਰਹੀ ਏ। ਤਰੁਣ ਚੁੱਘ ਨੇ ਕਿਹਾ ਕਿ ਨਸ਼ੇ ਦੇ ਕਾਰੋਬਾਰ ਨਾਲ ਜੁੜੇ ਪੈਸੇ ਦੇ ਨੈੱਟਵਰਕ ਨੂੰ ਖਤਮ ਕਰਨ ਦੇ ਨਾਲ-ਨਾਲ ਨਸ਼ੇ ਦੀ ਲਤ ਵਿੱਚ ਫਸੇ ਨੌਜਵਾਨਾਂ ਦੇ ਮੁੜਵਸੇਬੇ ’ਤੇ ਵੀ ਧਿਆਨ ਦਿੱਤਾ ਜਾਵੇਗਾ।

ਇਸ ਮੌਕੇ ਸਾਬਕਾ ਕੇਂਦਰੀ ਰਾਜ ਮੰਤਰੀ ਅਤੇ ਸਾਬਕਾ ਸੰਸਦ ਮੈਂਬਰ ਵਿਜੈ ਸਾਂਪਲਾ ਅਤੇ ਸਾਬਕਾ ਸੰਸਦ ਮੈਂਬਰ ਅਵਿਨਾਸ਼ ਰਾਏ ਖੰਨਾ ਸਮੇਤ ਭਾਜਪਾ ਦੇ ਹੋਰ ਆਗੂ ਮੌਜੂਦ ਰਹੇ।

---------------------------------------------------------

ਭਾਜਪਾ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਅੱਜ ਲੁਧਿਆਣਾ ਵਿੱਚ ਨਸ਼ਾ ਪ੍ਰਭਾਵਿਤ ਪਰਿਵਾਰਾਂ ਨਾਲ ਮੁਲਾਕਾਤ ਕੀਤੀ । ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਓਹਨਾਂ ਕਿਹਾ ਕਿ ਸੂਬਾ ਸਰਕਾਰ ਨਸ਼ਾ ਤਸਕਰੀ ਨੂੰ ਰੋਕਣ ਵਿੱਚ ਅਸਫਲ ਰਹੀ ਏ । ਸ਼੍ਰੀ ਢਿੱਲੋਂ ਨੇ ਕਿਹਾ ਕਿ, ਨਸ਼ੇ ਕਾਰਣ ਆਪਣੇ ਪੁੱਤਰਾਂ ਨੂੰ ਗੁਆਉਣ ਵਾਲੀਆਂ ਮਾਵਾਂ ਦਾ ਦਰਦ ਅਸਹਿ ਏ । ਓਹਨਾਂ ਇਹ ਵੀ ਕਿਹਾ ਕਿ ਅਸੀਂ ਰਾਜਨੀਤੀ ਨਹੀਂ, ਸਗੋਂ ਲੋਕਾਂ ਦੇ ਅਸਲ ਮੁੱਦੇ ਉਠਾ ਰਹੇ ਹਾਂ।

BYTE

ਓਹਨਾਂ ਕਿਹਾ ਕਿ ਜਨਤਾ ਸੂਬਾ ਸਰਕਾਰ ਨੂੰ ਢੁਕਵਾਂ ਜਵਾਬ ਦੇਵੇਗੀ। ਭਾਜਪਾ ਜ਼ਿਲ੍ਹਾ ਪ੍ਰਧਾਨ ਸੁਨੀਲ ਮੌਦਗਿਲ ਵੀ ਇਸ ਸਮਾਗਮ ਵਿੱਚ ਮੌਜੂਦ ਸਨ।

---------------------------------------------------------

ਪੰਜਾਬ ਸਟੇਟ ਰੈੱਡ ਕਰਾਸ ਨੇ ਅੱਜ ਮਨੁੱਖੀ ਆਧਾਰ 'ਤੇ ਹੜ੍ਹ ਪ੍ਰਭਾਵਿਤ ਨੇਪਾਲ ਲਈ ਰਾਹਤ ਸਮੱਗਰੀ ਦੀ ਆਪਣੀ ਤੀਜੀ ਅਤੇ ਸਭ ਤੋਂ ਵੱਡੀ ਖੇਪ ਭੇਜੀ । ਪੰਜਾਬ ਦੇ ਰਾਜਪਾਲ ਅਤੇ, ਸਟੇਟ ਰੈੱਡ ਕਰਾਸ, ਦੇ ਮੁਖੀ, ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਚੰਡੀਗੜ੍ਹ ਦੇ ਪੰਜਾਬ ਲੋਕ ਭਵਨ ਤੋਂ ਕਰੀਬ 52 ਟਨ ਜ਼ਰੂਰੀ ਰਾਹਤ ਸਮੱਗਰੀ ਲੈ ਕੇ ਜਾਣ ਵਾਲੇ ਸੱਤ ਵੱਡੇ

ਟਰੱਕਾਂ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਸ਼੍ਰੀ ਕਟਾਰੀਆ ਨੇ ਕਿਹਾ ਕਿ ਇਹ ਸਮੱਗਰੀ ਨੇਪਾਲ ਰੈੱਡ ਕਰਾਸ ਸੋਸਾਇਟੀ ਵਲੋਂ ਸਾਂਝੀ ਕੀਤੀ ਗਈ ਲੋੜ ਸੂਚੀ ਮੁਤਾਬਿਕ ਖਰੀਦੀ ਗਈ ਏ । ਇਸ ਵਿੱਚ ਕੰਬਲ, ਤਰਪਾਲਾਂ, ਸੋਲਰ ਲਾਈਟਾਂ ਅਤੇ ਹੋਰ ਐਮਰਜੈਂਸੀ ਰਾਹਤ ਸਪਲਾਈ ਅਤੇ ਜਨਰੇਟਰ ਸੈੱਟ ਵੀ ਸ਼ਾਮਿਲ ਨੇ.

BYTE

ਉਨ੍ਹਾਂ ਨੇ ਐਮਾਜ਼ਾਨ ਅਤੇ ਡੋਨੇਟ-ਕਾਰਟ ਫਾਊਂਡੇਸ਼ਨ ਦੀ, ਇਹ ਸਮੱਗਰੀ ਦਾਨ ਕਰਨ ਲਈ ਖੁੱਲ੍ਹੇ ਦਿਲ ਨਾਲ ਸ਼ਲਾਘਾ ਕੀਤੀ।

---------------------------------------------------------------------

ਪੰਜਾਬ ਦੇ ਰਾਜਪਾਲ ਸ਼੍ਰੀ ਗੁਲਾਬ ਚੰਦ ਕਟਾਰੀਆ ਅੱਜ ਸਥਾਨਕ ਸ਼੍ਰੀ ਸਿੱਧ ਬਾਬਾ ਸੋਢਲ ਮੰਦਿਰ ਵਿਖੇ ਨਤਮਸਤਕ ਹੋਏ ਅਤੇ ਪੰਜਾਬ ਦੀ ਤਰੱਕੀ ਤੇ ਖੁਸ਼ਹਾਲੀ ਲਈ ਪ੍ਰਾਰਥਨਾ ਕੀਤੀ। ਇਸ ਦੌਰਾਨ ਉਨ੍ਹਾਂ ਨੇ ਇਤਿਹਾਸਕ ਗੁਰਦੁਆਰਾ ਸੋਢਲ ਛਾਉਣੀ ਨਿਹੰਗ ਸਿੰਘਾਂ ਵਿਖੇ ਵੀ ਮੱਥਾ ਟੇਕਿਆ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ। ਇਸ ਮੌਕੇ ਰਾਜਪਾਲ ਨੇ ਕਿਹਾ ਕਿ ਸ਼੍ਰੀ ਸਿੱਧ ਬਾਬਾ ਸੋਢਲ ਮੰਦਿਰ ਦੇਸ਼ ਹੀ ਨਹੀਂ ਸਗੋਂ ਵਿਦੇਸ਼ਾਂ ਵਿੱਚ ਵੱਸਦੇ ਲੱਖਾਂ ਸ਼ਰਧਾਲੂਆਂ ਦੀ ਵੀ ਡੂੰਘੀ ਆਸਥਾ ਅਤੇ ਸ਼ਰਧਾ ਦਾ ਕੇਂਦਰ ਏ । ਸ਼੍ਰੀ ਕਟਾਰੀਆ ਨੇ ਇਸ ਪਵਿੱਤਰ ਮੌਕੇ ’ਤੇ ਸ਼ਰਧਾਲੂਆਂ ਨੂੰ ਸ਼ੁਭਕਾਮਨਾਵਾਂ ਦੇਣ ਦੇ ਨਾਲ-ਨਾਲ ਲੋਕਾਂ ਨੂੰ ਆਪਸੀ ਪ੍ਰੇਮ, ਸਦਭਾਵਨਾ ਅਤੇ ਭਾਈਚਾਰੇ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨ ਦਾ ਸੱਦਾ ਵੀ ਦਿੱਤਾ। ਇਸ ਤੋਂ ਪਹਿਲਾਂ ਰਾਜਪਾਲ ਨੇ ਸ਼੍ਰੀ ਸਿੱਧ ਬਾਬਾ

ਸੋਢਲ ਮੇਲੇ ਦੇ ਪਹਿਲੇ ਦਿਨ ਕਰਵਾਏ ਗਏ ਹਵਨ ਯੱਗ ਵਿੱਚ ਸ਼ਰਧਾ ਨਾਲ ਹਿੱਸਾ ਲਿਆ।

---------------------------------------------------------------

ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਏ ਕਿ ਪੰਜਾਬ ਦੀ ਖੇਤੀ ਨੂੰ ਟਿਕਾਊ ਬਣਾਉਣ ਲਈ ਫ਼ਸਲੀ ਭਿੰਨਤਾ ਅਤੇ ਬਾਗਬਾਨੀ ਨੂੰ ਉਤਸ਼ਾਹਿਤ ਕਰਨਾ ਸਮੇਂ ਦੀ ਮੁੱਖ ਲੋੜ ਏ । ਇਹ ਗੱਲ ਓਹਨਾਂ ਅੱਜ ਹਾੜ੍ਹੀ ਦੀਆਂ ਫ਼ਸਲਾਂ ਦੀ ਬਿਜਾਈ ਤੋਂ ਪਹਿਲਾਂ ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀਏਯੂ) ਵੱਲੋਂ ਕਰਵਾਏ ਜਾ ਰਹੇ ਕਿਸਾਨ ਮੇਲਿਆਂ ਦੀ ਲੜੀ ਤਹਿਤ ਖੇਤਰੀ ਖੋਜ ਕੇਂਦਰ ਬਠਿੰਡਾ ਵਿੱਚ ਕਿਸਾਨ ਮੇਲੇ ਮੌਕੇ ਕਹੀ. ਮੇਲੇ ਵਿੱਚ ਸ੍ਰੀ ਖੁੱਡੀਆਂ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ ਸਨ. ਇਸ ਮੌਕੇ ਉਨ੍ਹਾਂ ਕਿਸਾਨਾਂ ਨੂੰ ਕਣਕ-ਝੋਨੇ ਦੇ ਫ਼ਸਲੀ ਚੱਕਰ ਦੇ ਨਾਲ ਨਰਮਾ-ਕਪਾਹ ਵਰਗੀਆਂ ਫ਼ਸਲਾਂ ਅਪਣਾਉਣ ਦੀ ਅਪੀਲ ਵੀ ਕੀਤੀ। ਉਨ੍ਹਾਂ ਕਿਹਾ ਕਿ ਆਮਦਨ ਵਧਾਉਣ ਲਈ ਖੇਤੀ ਦੇ ਨਾਲ ਸਹਾਇਕ ਕਿੱਤੇ, ਫ਼ਸਲਾਂ ਦੀ ਪ੍ਰੋਸੈਸਿੰਗ ਅਤੇ ਖੁਦ ਮੰਡੀਕਰਨ ਵੱਲ ਵੀ ਕਿਸਾਨਾਂ ਨੂੰ ਵਧਣਾ ਪਵੇਗਾ। ਉਨ੍ਹਾਂ ਦੱਸਿਆ ਕਿ ਪੰਜਾਬ ਦੇ ਕਿਸਾਨ ਦੇਸ਼ ਦੇ ਕੇਂਦਰੀ ਅਨਾਜ ਭੰਡਾਰ ਵਿੱਚ ਕਰੀਬ 40 ਫ਼ੀਸਦੀ ਝੋਨਾ ਅਤੇ 25 ਫ਼ੀਸਦੀ ਕਣਕ ਮੁਹੱਈਆ ਕਰਵਾ ਰਹੇ ਨੇ.

---------------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ, ਜਲੰਧਰ ਸਥਿਤ ਇੱਕ ਪ੍ਰਾਈਵੇਟ ਪਾਸਪੋਰਟ ਏਜੰਟ ਨੂੰ ਪਾਸਪੋਰਟ ਦਫ਼ਤਰ, ਜਲੰਧਰ ਦੇ ਅਧਿਕਾਰੀਆਂ ਨਾਲ ਆਪਣੀ ਕਥਿਤ

ਜਾਣ-ਪਛਾਣ ਰਾਹੀਂ ਸ਼ਿਕਾਇਤਕਰਤਾ ਦਾ ਪਾਸਪੋਰਟ ਜਲਦੀ ਜਾਰੀ ਕਰਵਾਉਣ ਬਦਲੇ 20 ਹਜ਼ਾਰ ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਏ।  ਇਸ ਸਬੰਧੀ ਜਾਣਕਾਰੀ ਦਿੰਦੀਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਮੁਲਜ਼ਮ ਨੂੰ ਜ਼ਿਲ੍ਹਾ ਜਲੰਧਰ ਦੇ ਇੱਕ ਵਸਨੀਕ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਏ। ਸ਼ਿਕਾਇਤ 'ਤੇ ਕਾਰਵਾਈ ਕਰਦਿਆਂ, ਵਿਜੀਲੈਂਸ ਟੀਮ ਨੇ ਜਾਲ ਵਿਛਾਇਆ ਅਤੇ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਪ੍ਰਾਈਵੇਟ ਪਾਸਪੋਰਟ ਏਜੰਟ ਨੂੰ ਸ਼ਿਕਾਇਤਕਰਤਾ ਤੋਂ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ। ਦੂਜੇ ਮੁਲਜ਼ਮ ਦੀ ਗ੍ਰਿਫ਼ਤਾਰੀ ਅਜੇ ਬਾਕੀ ਏ। ਇਸ ਤੋਂ ਇਲਾਵਾ, ਅਗਲੇਰੀ ਜਾਂਚ ਦੌਰਾਨ ਪਾਸਪੋਰਟ ਦਫ਼ਤਰ ਦੇ ਅਧਿਕਾਰੀਆਂ ਦੀ ਭੂਮਿਕਾ ਦੀ ਵੀ ਜਾਂਚ ਕੀਤੀ ਜਾਵੇਗੀ। ਮੁਲਜ਼ਮਾਂ ਵਿਰੁੱਧ ਵਿਜੀਲੈਂਸ ਬਿਊਰੋ ਥਾਣਾ ਜਲੰਧਰ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕਰ ਲਿਆ ਗਿਆ ਏ.

---------------------------------------------------------------

ਜਲੰਧਰ ਦੇ ਪੁਲਿਸ ਕਮਿਸ਼ਨਰ ਸਤਿੰਦਰ ਸਿੰਘ ਵੱਲੋਂ ਜਨਤਕ ਸੁਰੱਖਿਆ ਨੂੰ ਮਜ਼ਬੂਤ ਕਰਨ ਅਤੇ ਅਪਰਾਧ ਦੀ ਰੋਕਥਾਮ ਦੇ ਉਦੇਸ਼ ਨਾਲ ਆਮ ਲੋਕਾਂ ਲਈ ਖੁਲ੍ਹੇ ਅਦਾਰਿਆਂ ਨੂੰ ਸਵੈ ਇੱਛਾ ਨਾਲ ਆਪਣੀਆਂ ਇਮਾਰਤਾਂ/ਕੰਪਲਕੈਸਾਂ ਨੂੰ ‘ਅਸਲਾ ਮੁਕਤ ਜ਼ੋਨ’ ਐਲਾਨਣ ਦੀ ਸਹੂਲਤ ਦੇਣ ਲਈ ਕੈਫੇ, ਰੈਸਟੋਰੈਂਟ, ਕਲੱਬਾਂ ਸਮੇਤ ਆਮ ਲੋਕਾਂ ਲਈ ਖੁੱਲ੍ਹੇ ਹੋਰ ਅਦਾਰਿਆਂ ਨੂੰ ‘ਅਸਲਾ ਮੁਕਤ ਜ਼ੋਨ’ ਵਜੋਂ ਐਲਾਨਣ ਦੀ ਸਹੂਲਤ ਦੇਣ ਸਬੰਧੀ ਹੁਕਮ ਜਾਰੀ ਕੀਤੇ ਗਏ ਨੇ. ਹੁਕਮਾਂ ਵਿੱਚ ਕਿਹਾ ਗਿਆ ਏ ਕਿ

ਪੁਲਿਸ ਕਮਿਸ਼ਨਰੇਟ ਜਲੰਧਰ ਦੇ ਅਧਿਕਾਰ-ਖੇਤਰ ਅਧੀਨ ਆਉਂਦਾ ਕੋਈ ਵੀ ਕੈਫੇ, ਰੈਸਟੋਰੈਂਟ, ਬਾਰ, ਕਲੱਬ, ਈਟਿੰਗ ਹਾਊਸ, ਫੂਡ ਕੋਰਟ ਜਾਂ ਜਨਤਕ ਪਹੁੰਚ ਵਾਲਾ ਕੋਈ ਹੋਰ ਅਦਾਰਾ, ਆਪਣੀ ਇਮਾਰਤ ਜਾਂ ਇਸ ਦੇ ਕਿਸੇ ਨਿਰਧਾਰਤ ਹਿੱਸੇ ਨੂੰ ਪੁਲਿਸ ਕਮਿਸ਼ਨਰ, ਜਲੰਧਰ ਨੂੰ ਨਿਰਧਾਰਤ ਫਾਰਮੈਟ ਵਿੱਚ ਅਰਜ਼ੀ ਜਾਂ ਸੂਚਨਾ ਦੇ ਕੇ ਸਵੈ-ਇੱਛਾ ਨਾਲ 'ਅਸਲਾ-ਮੁਕਤ ਜ਼ੋਨ' ਵਜੋਂ ਐਲਾਨ ਕਰ ਸਕਦਾ ਏ।

-----------------------------------------------------------------

ਖਜ਼ਾਨਾ ਮੰਤਰਾਲੇ ਨੇ ਸੂਚਿਤ ਕੀਤਾ ਏ ਕਿ ਸਾਰੇ ਜਨਤਕ ਖੇਤਰ ਦੇ ਬੈਂਕ ਅਤੇ ਖੇਤਰੀ ਦਿਹਾਤੀ ਬੈਂਕ ਐਤਵਾਰ, 27 ਸਤੰਬਰ ਨੂੰ ਖੁੱਲ੍ਹੇ ਰਹਿਣਗੇ। ਮੰਤਰਾਲੇ ਨੇ ਕਿਹਾ ਕਿ, ਇਹ ਕਦਮ, ਬੈਂਕ ਯੂਨੀਅਨਾਂ ਦੀ ਸੰਯੁਕਤ ਫੋਰਮ ਵੱਲੋਂ 28 ਤੋਂ 30 ਸਤੰਬਰ ਤੱਕ ਬੁਲਾਈ ਗਈ ਤਜਵੀਜ਼ਸ਼ੁਦਾ ਤਿੰਨ ਦਿਨਾਂ ਦੇਸ਼ ਵਿਆਪੀ ਬੈਂਕ ਹੜਤਾਲ ਦੇ ਮੱਦੇਨਜ਼ਰ ਚੁੱਕਿਆ ਗਿਆ ਏ |

-----------------------------------------------------------------

ਮੌਸਮ ਵਿਭਾਗ ਨੇ ਅਗਲੇ ਦੋ ਦਿਨਾਂ ਦੌਰਾਨ, ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਦੇ ਵੱਖ-ਵੱਖ ਹਿੱਸਿਆਂ ਵਿੱਚ ਤੇਜ਼ ਹਵਾਵਾਂ ਚਲਣ ਅਤੇ ਗਰਜ-ਚਮਕ ਨਾਲ ਭਾਰੀ ਮੀਂਹ ਪੈਣ ਸੰਬੰਧੀ ਯੈਲੋ ਅਲਰਟ ਜਾਰੀ ਕੀਤਾ ਏ. ਇਸ ਦੌਰਾਨ, ਭਲਕੇ ਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ, ਹੁਸ਼ਿਆਰਪੁਰ, ਨਵਾਂਸ਼ਹਿਰ, ਰੂਪਨਗਰ ਤੇ ਮੋਹਾਲੀ ਦੇ ਕੁਝ ਹਿੱਸਿਆਂ ਵਿੱਚ ਭਾਰੀ ਮੀਂਹ ਪੈਣ ਦੀ ਸੰਭਾਵਨਾ ਏ |

---

ਭਾਰਤ ਦੇ ਕਮਲਜੀਤ ਅਤੇ ਸੁਰੂਚੀ ਸਿੰਘ ਨੇ ਅੱਜ ਜਾਪਾਨ ਦੇ ਨਾਗੋਆ ਵਿੱਚ ਏਸ਼ੀਅਨ ਖੇਡਾਂ ਵਿੱਚ 10 ਮੀਟਰ ਏਅਰ ਪਿਸਟਲ ਮਿਕਸਡ ਟੀਮ ਮੁਕਾਬਲੇ ਵਿੱਚ ਸੋਨੇ ਦਾ ਤਮਗਾ ਜਿੱਤਿਆ ਏ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅਤੇ ਖੇਡ ਮੰਤਰੀ ਡਾ. ਮਨਸੁਖ ਮੰਡਾਵੀਆ ਨੇ ਦੋਵਾਂ ਨਿਸ਼ਾਨੇਬਾਜ਼ਾਂ ਨੂੰ ਇਸ ਪ੍ਰਾਪਤੀ 'ਤੇ ਵਧਾਈ ਦਿੱਤੀ ਏ। ਭਾਰਤ ਦੀ ਮਰਦਾਂ ਦੀ ਕਬੱਡੀ ਟੀਮ, ਥਾਈਲੈਂਡ ਨੂੰ ਹਰਾ ਕੇ ਫਾਈਨਲ ਵਿੱਚ ਪਹੁੰਚ ਗਈ ਏ.

---

- ਕੇਂਦਰੀ ਕਾਨੂੰਨ ਅਤੇ ਨਿਆਂ ਰਾਜ ਮੰਤਰੀ ਅਰਜੁਨ ਰਾਮ ਮੇਘਵਾਲ ਨੇ ਪੰਜਾਬ ਵਿੱਚ ਵਧ ਰਹੇ ਨਸ਼ਿਆਂ ਦੇ ਸੰਕਟ ਨੂੰ ਲੈ ਕੇ ਚਿੰਤਾ ਜ਼ਾਹਿਰ ਕੀਤੀ ਏ.

- ਪੰਜਾਬ ਦੇ ਰਾਜਪਾਲ, ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਪੰਜਾਬ ਸਟੇਟ ਰੈੱਡ ਕਰਾਸ ਵਲੋਂ ਹੜ੍ਹ ਪ੍ਰਭਾਵਿਤ ਨੇਪਾਲ ਲਈ ਰਾਹਤ ਸਮੱਗਰੀ ਦੀ ਤੀਜੀ ਅਤੇ ਸਭ ਤੋਂ ਵੱਡੀ ਖੇਪ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ।

- ਪੰਜਾਬ ਦੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਏ ਕਿ ਪੰਜਾਬ ਦੀ ਖੇਤੀ ਨੂੰ ਟਿਕਾਊ ਬਣਾਉਣ ਲਈ ਫ਼ਸਲੀ ਭਿੰਨਤਾ ਸਮੇਂ ਦੀ ਮੁੱਖ ਲੋੜ ਏ।

- ਪੰਜਾਬ ਵਿਜੀਲੈਂਸ ਬਿਊਰੋ ਨੇ ਜਲੰਧਰ ਸਥਿਤ ਇੱਕ ਪ੍ਰਾਈਵੇਟ ਪਾਸਪੋਰਟ ਏਜੰਟ ਨੂੰ ਪਾਸਪੋਰਟ ਜਲਦੀ ਜਾਰੀ ਕਰਵਾਉਣ ਬਦਲੇ 20 ਹਜ਼ਾਰ ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਏ।

- ਭਾਰਤ ਦੇ ਕਮਲਜੀਤ ਅਤੇ ਸੁਰੂਚੀ ਸਿੰਘ ਨੇ ਅੱਜ ਏਸ਼ਿਆਈ ਖੇਡਾਂ ਵਿੱਚ 10 ਮੀਟਰ ਏਅਰ ਪਿਸਟਲ ਮਿਕਸਡ ਟੀਮ ਮੁਕਾਬਲੇ ਵਿੱਚ ਸੋਨੇ ਦਾ ਤਮਗਾ ਜਿੱਤਿਆ ਏ।

---------------------------------------------------------------

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ। ਸਾਡਾ ਅਗਲਾ ਰਾਸ਼ਟਰੀ ਖ਼ਬਰਾਂ ਦਾ ਬੁਲੇਟਿਨ, ਭਲਕੇ ਸਵੇਰੇ 8 ਵਜ ਕੇ 30 ਮਿੰਟ 'ਤੇ ਹੋਏਗਾ। ਨਮਸਕਾਰ!**